

ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਡਾ. ਮਨਦੀਪ ਸਿੰਘ, ਬੈਠੇ ਪ੍ਰੋਫੈਸਰ ਅਤੇ ਵਿਦਿਆਰਥੀ। ਤਸਵੀਰਾਂ- ਪ੍ਰਦੀਪ ਕੁਮਾਰ

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸੈਮੀਨਾਰ ਕਰਵਾਇਆ

ਫਾਜ਼ਿਲਕਾ, 22 ਜਨਵਰੀ (ਅਮਰਜੀਤ ਸ਼ਰਮਾ)-ਸਿੱਖਿਆ ਵਿਭਾਗ ਦੀਆਂ ਹਿਦਾਇਤਾਂ ਤੇ ਸਰਕਾਰੀ ਐਮ.ਆਰ.ਕਾਲਜ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਸਾਲਾਂ ਪ੍ਰਕਾਸ਼ ਉਤਸਵ ਮਨਾਉਣ ਸਬੰਧੀ ਇੱਕ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਬੋਹਰ ਦੇ ਜ਼ੋਨਲ ਸਕੱਤਰ ਡਾ. ਮਨਦੀਪ ਸਿੰਘ ਵਿਸ਼ੇਸ਼ ਰੂਪ ਵਿਚ ਪੁੱਜੇ। ਇਸ ਮੌਕੇ ਡਾ. ਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਇਤਿਹਾਸ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੱਬ ਹਰੇਕ ਪ੍ਰਾਣੀ ਵਿਚ ਵਸਦਾ ਹੈ। ਇੱਥੋਂ ਤੱਕ ਕਿ ਜਾਨਵਰ ਅਤੇ ਪੰਛੀਆਂ ਵਿਚ ਵੀ ਰੱਬ ਹੁੰਦਾ ਹੈ। ਉਨ੍ਹਾਂ ਮਨੁੱਖ ਨੂੰ ਵਹਿਮਾਂ ਭਰਮਾਂ ਤੋਂ ਦੂਰ ਰਹਿ ਕੇ ਹਰ ਕੰਮ ਨੂੰ ਇਕਾਗਰਤਾ ਨਾਲ ਕਰਨ ਅਤੇ ਗੁਰੂ ਨਾਨਕ ਜੀ ਦੇ ਦੱਸੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਹਰਮਨ ਸਿੰਘ, ਲਵਪ੍ਰੀਤ ਸਿੰਘ ਆਦਿ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਕਵਿਤਾ ਸੁਣਾਈਆਂ। ਇਸ ਮੌਕੇ ਪ੍ਰੋ. ਤ੍ਰਿਭਵਨ ਰਾਮ, ਮੈਡਮ ਗੁਰਪ੍ਰੀਤ ਕੌਰ ਮੈਡਮ ਮਮਤਾ ਗਰੋਵਰ, ਆਸ਼ੂ ਸ਼ਰਮਾ, ਸ਼ੇਰ ਸਿੰਘ ਸੰਧੂ, ਗੁਰਜਿੰਦਰ ਕੌਰ, ਵੀਰਪਾਲ ਕੌਰ, ਪ੍ਰਵੀਨ ਰਾਣੀ, ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ। ਮੰਚ ਸੰਚਾਲਨ ਜਗਦੇਵ ਸਿੰਘ ਨੇ ਨਿਭਾਈ।



ਫ਼ਾਜ਼ਿਲਕਾ ਦੇ ਸਰਕਾਰੀ ਐਮ.ਆਰ. ਕਾਲਜ ਵਿਖੇ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰੋਫ਼ੈਸਰ। ਤਸਵੀਰ-ਪ੍ਰਦੀਪ ਕੁਮਾਰ

# ਸਰਕਾਰੀ ਐਮ.ਆਰ. ਕਾਲਜ 'ਚ ਕੁਇਜ਼ ਮੁਕਾਬਲੇ ਕਰਵਾਏ

ਫ਼ਾਜ਼ਿਲਕਾ, 11 ਸਤੰਬਰ (ਦਵਿੰਦਰ ਪਾਲ ਸਿੰਘ)-ਸਰਕਾਰੀ ਐਮ.ਆਰ. ਕਾਲਜ ਫ਼ਾਜ਼ਿਲਕਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਸਬੰਧ 'ਚ ਪੰਜਾਬੀ ਵਿਭਾਗ ਵਲੋਂ ਕੁਇਜ਼ ਮੁਕਾਬਲੇ ਕਰਵਾਏ ਗਏ। ਜਿਸ 'ਚ ਕਾਲਜ ਦੀਆਂ 7 ਟੀਮਾਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਕਾਲ ਤੋਂ ਲੈ ਕੇ 10 ਗੁਰੂ ਸਾਹਿਬਾਨਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਪੰਜਾਬੀ ਸਭਿਆਚਾਰ, ਆਧੁਨਿਕ ਪੰਜਾਬੀ ਸਾਹਿਤ ਤੇ ਆਮ ਗਿਆਨ ਨਾਲ ਸੰਬੰਧਿਤ ਸਵਾਲ ਪੁੱਛੇ ਗਏ। ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਪੰਜਾਬੀ ਵਿਭਾਗ ਦੇ ਪ੍ਰੋਫ਼ੈਸਰ ਗੁਰਪ੍ਰੀਤ ਕੌਰ, ਪ੍ਰੋ. ਵੀਰਪਾਲ ਕੌਰ, ਪ੍ਰੋ. ਗੁਰਜਿੰਦਰ ਕੌਰ, ਪ੍ਰੋ. ਸ਼ੇਰ ਸਿੰਘ ਸੰਧੂ ਅਤੇ ਪ੍ਰੋ. ਜਗਦੇਵ ਸਿੰਘ ਹਾਜ਼ਰ ਸਨ। ਪ੍ਰੋਗਰਾਮ ਦਾ ਸੰਚਾਲਨ ਪ੍ਰੋ. ਜਗਦੇਵ ਸਿੰਘ ਨੇ ਬੜੇ ਸ਼ਾਨਦਾਰ ਤਰੀਕੇ ਨਾਲ ਕੀਤਾ ਤੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।